# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 22-03-2025**

ਅੱਜ ਵਿਸ਼ਵ ਜਲ ਦਿਵਸ ਏ। ਇਹ ਦਿਨ ਤਾਜ਼ੇ ਪਾਣੀ ਦੇ ਮਹੱਤਵ ਅਤੇ ਜਲ ਸਰੋਤਾਂ ਦੇ ਸਹੀ ਪ੍ਰਬੰਧਨ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਮਨਾਇਆ ਜਾਂਦਾ ਏ। ਇਸ ਸਾਲ ਦਾ ਵਿਸ਼ਾ 'ਗਲੇਸ਼ੀਅਰ ਦੀ ਸੰਭਾਲ' ਰੱਖਿਆ ਗਿਆ ਏ। ਇਹ ਵਿਸ਼ਵ-ਵਿਆਪੀ ਤਾਜ਼ੇ ਪਾਣੀ ਦੀ ਸਪਲਾਈ ਨੂੰ ਬਣਾਈ ਰੱਖਣ ਵਿੱਚ ਗਲੇਸ਼ੀਅਰਾਂ ਦੀ ਮਹੱਤਵਪੂਰਣ ਭੂਮਿਕਾ ਅਤੇ ਜਲਵਾਯੂ ਸੁਰੱਖਿਆ ਉਪਾਵਾਂ ਦੀ ਤੁਰੰਤ ਜ਼ਰੂਰਤ 'ਤੇ ਜ਼ੋਰ ਦਿੰਦਾ ਏ। ਸੰਯੁਕਤ ਰਾਸ਼ਟਰ ਵਲੋਂ 1992 ਵਿੱਚ ਬ੍ਰਾਜ਼ੀਲ ਦੇ ਰੀਓ ਡੀ ਜਨੇਰੀਓ ਵਿੱਚ ਵਾਤਾਵਰਣ ਅਤੇ ਵਿਕਾਸ ਸੰਮੇਲਨ ਵਿੱਚ 22 ਮਾਰਚ ਨੂੰ ਵਿਸ਼ਵ ਜਲ ਦਿਵਸ ਮਨਾਉਣ ਦਾ ਐਲਾਨ ਕੀਤਾ ਗਿਆ ਸੀ।

----------------------------------------------------------------------

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਵਿਸ਼ਵ ਜਲ ਦਿਵਸ 'ਤੇ ਪਾਣੀ ਦੀ ਸੰਭਾਲ ਅਤੇ ਟਿਕਾਊ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਦੇਸ਼ ਦੀ ਵਚਨਬੱਧਤਾ ਦੀ ਪੁਸ਼ਟੀ ਕੀਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਉਨ੍ਹਾਂ ਨੇ ਪਾਣੀ ਦੀ ਸੰਭਾਲ ਦੇ ਮਹੱਤਵ ਨੂੰ ਉਜਾਗਰ ਕਰਦੇ ਹੋਏ ਇੱਕ

ਵੀਡੀਓ ਸਾਂਝਾ ਕੀਤਾ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਪਾਣੀ ਸਭਿਅਤਾਵਾਂ ਦੀ ਜੀਵਨ ਰੇਖਾ ਰਿਹਾ ਏ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਇਸਦੀ ਰੱਖਿਆ ਕਰਨ ਦੀ ਜ਼ਰੂਰਤ ਏ। ਉਹਨਾਂ ਕਿਹਾ --BYTE --

----------------------------------------------------------------------------------

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਏ ਕਿ ਨਰਿੰਦਰ ਮੋਦੀ ਸਰਕਾਰ 'ਚ ਅੱਤਵਾਦ, ਨਕਸਲਵਾਦ ਅਤੇ ਕੱਟੜਵਾਦ ਖਤਮ ਹੋਣ ਦੀ ਕਗਾਰ 'ਤੇ ਨੇ। ਉਹਨਾਂ ਦੁਹਰਾਇਆ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਸਰਕਾਰ ਨੇ ਅੱਤਵਾਦ ਲਈ ਜ਼ੀਰੋ ਟੋਲਰੈਂਸ ਦੀ ਨੀਤੀ ਅਪਣਾਈ ਏ। ਗ੍ਰਹਿ ਮੰਤਰੀ ਨੇ ਕਿਹਾ ਕਿ ਦੇਸ਼ ਨੂੰ ਪਿਛਲੇ ਸਮੇਂ ਵਿੱਚ ਜੰਮੂ ਅਤੇ ਕਸ਼ਮੀਰ ਵਿੱਚ ਅੱਤਵਾਦ, ਨਕਸਲਵਾਦ ਅਤੇ ਉੱਤਰ-ਪੂਰਬ ਵਿੱਚ ਬਗਾਵਤ ਦੀਆਂ ਤਿੰਨ ਵੱਡੀਆਂ ਚੁਣੌਤੀਆਂ ਦਾ ਸਾਹਮਣਾ ਕਰਨਾ ਪਿਆ ਏ , ਜੋ ਦੇਸ਼ ਦੀ ਤਰੱਕੀ ਅਤੇ ਵਿਕਾਸ ਵਿੱਚ ਰੁਕਾਵਟ ਬਣੀਆਂ ਨੇ। ਉਨ੍ਹਾਂ ਕਿਹਾ ਕਿ ਸਰਕਾਰ ਨੇ ਇਨ੍ਹਾਂ ਸਾਰੀਆਂ ਚੁਣੌਤੀਆਂ ਦਾ ਸਖ਼ਤੀ ਨਾਲ ਸਾਹਮਣਾ ਕੀਤਾ ਏ।

----------------------------------------------------------------------------------

ਸੂਬੇ ਦੇ ਨਾਗਰਿਕਾਂ ਦੀ ਸਿਹਤ ਸੁਰੱਖਿਆ ਨੂੰ ਯਕੀਨੀ ਬਣਾਉਣ ਤੇ ਸ਼ੁੱਧ ਵਸਤਾਂ ਮੁਹੱਈਆ ਕਰਵਾਉਣ ਲਈ ਇੱਕ ਫੈਸਲਾਕੁੰਨ ਕਦਮ ਚੁੱਕਦਿਆਂ ਪੰਜਾਬ ਵਿਜੀਲੈਂਸ ਬਿਊਰੋ ਨੇ ਮਿਲਾਵਟੀ ਡੇਅਰੀ ਉਤਪਾਦਾਂ ਅਤੇ ਹੋਰ

ਖੁਰਾਕੀ ਉਤਪਾਦਾਂ ਦੀ ਵਿਕਰੀ 'ਤੇ ਰਾਜ ਭਰ ਵਿੱਚ , ਸਿਹਤ ਤੇ ਖੁਰਾਕ ਸੁਰੱਖਿਆ ਵਿਭਾਗ ਨਾਲ ਸਾਂਝੀਆਂ ਟੀਮਾਂ ਬਣਾ ਕੇ ਅਚਾਨਕ ਚੈਕਿੰਗ ਸ਼ੁਰੂ ਕੀਤੀ ਏ । ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਇਸ ਪਹਿਲਕਦਮੀ ਦਾ ਉਦੇਸ਼ ਖੁਰਾਕ ਪਦਾਰਥਾਂ ਵਿੱਚ ਮਿਲਾਵਟ ਸਬੰਧੀ ਸਮੱਸਿਆ ਨਾਲ ਨਜਿੱਠਣਾ ਏ , ਜੋ ਕਿ ਸੂਬਾ ਵਾਸੀਆਂ ਦੀ ਸਿਹਤ ਲਈ ਇੱਕ ਵੱਡਾ ਖ਼ਤਰਾ ਏ । ਉਨ੍ਹਾਂ ਅੱਗੇ ਦੱਸਿਆ ਕਿ ਜਾਂਚ ਦੌਰਾਨ ਜਲੰਧਰ, ਹੁਸ਼ਿਆਰਪੁਰ ਅਤੇ ਸ਼ਹੀਦ ਭਗਤ ਸਿੰਘ ਨਗਰ ਜ਼ਿਲ੍ਹਿਆਂ ਦੀਆਂ ਵੱਖ-ਵੱਖ ਥਾਵਾਂ ਤੋਂ ਖਾਣ -ਪੀਣ ਵਾਲੀਆਂ ਵਸਤਾਂ ਦੇ ਨਮੂਨੇ ਇਕੱਠੇ ਕੀਤੇ ਗਏ। ਇੱਸ ਚੈਕਿੰਗ ਦੌਰਾਨ ਘੱਟ ਮਿਆਰ ਵਾਲੇ ਖੁਰਾਕ ਉਤਪਾਦ ਤਿਆਰ ਕਰਨ ਵਾਲੀਆਂ ਦੁਕਾਨਾਂ ਨੂੰ ਸੀਲ ਕਰ ਦਿੱਤਾ ਗਿਆ ..

---------------------------------------------------------------------

ਪਿਛਲੇ ਹਫ਼ਤੇ ਪਟਿਆਲਾ ਵਿੱਚ ਇੱਕ ਸੇਵਾ ਨਿਭਾ ਰਹੇ ਫੌਜੀ ਅਧਿਕਾਰੀ ਅਤੇ ਉਸਦੇ ਨੌਜਵਾਨ ਪੁੱਤਰ 'ਤੇ 12 ਪੁਲਿਸ ਮੁਲਾਜ਼ਮਾਂ ਵੱਲੋਂ ਕੀਤੇ ਗਏ ਕਥਿਤ ਬੇਰਹਿਮੀ ਭਰੇ ਹਮਲੇ ਦੀਆਂ ਗੂੰਜ ਕੱਲ੍ਹ ਸ਼ੁਰੂ ਹੋਏ ਪੰਜਾਬ ਦੇ ਬਜਟ ਸੈਸ਼ਨ ਵਿੱਚ ਸੁਣਾਈ ਦਿੱਤੀ । ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਪੰਜਾਬ ਵਿਧਾਨ ਸਭਾ ਵਿੱਚ ਬਜਟ ਸੈਸ਼ਨ ਦੌਰਾਨ ਇਹ ਮੁੱਦਾ ਉਠਾਇਆ ਅਤੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਕਿਸੇ

ਮੌਜੂਦਾ ਜਾਂ ਸੇਵਾਮੁਕਤ ਜੱਜ ਤੋਂ ਸਮਾਂਬੱਧ ਜਾਂਚ ਦੀ ਮੰਗ ਕੀਤੀ ਏ । ਭਾਜਪਾ ਦੀ ਸੀਨੀਅਰ ਨੇਤਾ ਸ਼੍ਰੀਮਤੀ ਪਰਨੀਤ ਕੌਰ ਨੇ ਨਿਰਪੱਖ ਜਾਂਚ ਲਈ ਜੱਜ ਦੀ ਅਗਵਾਈ ਵਿੱਚ ਫੌਜ ਅਤੇ ਪੁਲਿਸ ਅਧਿਕਾਰੀਆਂ ਦੀ ਸਾਂਝੀ ਵਿਸ਼ੇਸ਼ ਜਾਂਚ ਟੀਮ (SIT) ਦੀ ਮੰਗ ਵੀ ਕੀਤੀ ਏ । ਉਨ੍ਹਾਂ ਨੇ ਐਸਐਸਪੀ, ਪਟਿਆਲਾ ਨੂੰ ਇੱਕ ਮੰਗ ਪੱਤਰ ਵੀ ਸੌਂਪਿਆ ਏ ਅਤੇ ਕਰਨਲ ਲਈ ਇਨਸਾਫ਼ ਦੀ ਮੰਗ ਕਰਦੇ ਹੋਏ ਪਟਿਆਲਾ ਵਿੱਚ ਸੈਂਕੜੇ ਸਾਬਕਾ ਫੌਜੀਆਂ ਨਾਲ ਡਿਪਟੀ ਕਮਿਸ਼ਨਰ ਦਫ਼ਤਰ ਦੇ ਬਾਹਰ ਧਰਨਾ ਦਿੱਤਾ । ਹਾਲਾਂਕਿ ਉਨ੍ਹਾਂ ਸਾਰੇ 12 ਕਥਿਤ ਦੋਸ਼ੀ ਪੁਲਿਸ ਕਰਮਚਾਰੀਆਂ ਨੂੰ ਸੀਨੀਅਰ ਸੁਪਰਡੈਂਟ ਆਫ਼ ਪੁਲਿਸ (ਐਸਐਸਪੀ), ਪਟਿਆਲਾ ਦੁਆਰਾ ਦੇਰੀ ਨਾਲ ਕੀਤੀ ਗਈ ਕਾਰਵਾਈ ਵਿੱਚ ਮੁਅੱਤਲ ਕਰ ਦਿੱਤਾ ਗਿਆ ਸੀ, ਪਰ ਕਰਨਲ ਦੇ ਪਰਿਵਾਰ ਨੇ, ਕਾਰਵਾਈ ਤੋਂ ਅਸੰਤੁਸ਼ਟ, ਹਾਲ ਹੀ ਵਿੱਚ ਪੰਜਾਬ ਦੇ ਰਾਜਪਾਲ ਕੋਲ ਵੀ ਪਹੁੰਚ ਕੀਤੀ ਸੀ। ਇਸ ਦੌਰਾਨ, ਕੱਲ੍ਹ ਕਰਨਲ ਪੁਸ਼ਪਿੰਦਰ ਸਿੰਘ ਬਾਠ ਦੇ ਬਿਆਨ 'ਤੇ ਇੱਕ ਨਵੀਂ ਐਫਆਈਆਰ ਦਰਜ ਕੀਤੀ ਗਈ ਏ , ਅਤੇ ਇੱਕ ਵਧੀਕ ਡਾਇਰੈਕਟਰ ਜਨਰਲ ਆਫ਼ ਪੁਲਿਸ ਪੱਧਰ ਦੇ ਅਧਿਕਾਰੀ ਦੀ ਅਗਵਾਈ ਵਿੱਚ ਇੱਕ ਚਾਰ ਮੈਂਬਰੀ ਉੱਚ ਪੱਧਰੀ ਵਿਸ਼ੇਸ਼ ਜਾਂਚ ਟੀਮ (ਐਸਆਈਟੀ) ਦਾ ਗਠਨ ਕੀਤਾ ਗਿਆ ਏ ।

-----------------------------------------------------------------

ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਰਾਜ ਵਿੱਚੋਂ ਨਸ਼ਿਆਂ ਦੇ ਸਰਾਪ ਨੂੰ ਮਿਟਾਉਣ ਦੀ ਵਚਨਬੱਧਤਾ ਦੁਹਰਾਈ ਏ ... 16ਵੀਂ ਪੰਜਾਬ ਵਿਧਾਨ ਸਭਾ ਦੇ ਅੱਠਵੇਂ ਸੈਸ਼ਨ ਦੌਰਾਨ ਆਪਣੇ ਸੰਬੋਧਨ ਵਿੱਚ, ਰਾਜਪਾਲ ਨੇ ਕਿਹਾ ਕਿ 'ਯੁੱਧ ਨਸ਼ਿਆਂ ਵਿਰੁਧ' ਮੁਹਿੰਮ ਦੇ ਰੂਪ ਵਿੱਚ , ਨਸ਼ਿਆਂ ਵਿਰੁੱਧ ਚੱਲ ਰਹੀ ਮੁਹਿੰਮ ਤਹਿਤ, ਨਸ਼ਿਆਂ ਦੀ ਸਪਲਾਈ ਵਿੱਚ ਆਰਥਿਕ ਕੜੀ ਨੂੰ ਤੋੜਨ 'ਤੇ ਵਿਸ਼ੇਸ਼ ਧਿਆਨ ਦਿੱਤਾ ਗਿਆ ਏ । ਉਹਨਾਂ ਕਿਹਾ ਕਿ ਵਿਸ਼ੇਸ਼ ਟਾਸਕ ਫੋਰਸ (STF) ਜਿਸਨੂੰ ਨਸ਼ਾ ਵਿਰੋਧੀ ਟਾਸਕ ਫੋਰਸ (ANTF) ਦੇ ਰੂਪ ਵਿੱਚ ਪੁਨਰਗਠਿਤ ਅਤੇ ਮਜ਼ਬੂਤ ਕੀਤਾ ਗਿਆ ਏ , ਦੀ ਸਥਾਪਨਾ ਨਸ਼ਾ ਕਾਨੂੰਨਾਂ ਨੂੰ ਲਾਗੂ ਕਰਨ, ਪੀੜਤਾਂ ਦੇ ਮੁੜ ਵਸੇਬੇ ਅਤੇ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਨੂੰ ਰੋਕਣ ਲਈ ਕੀਤੀ ਗਈ ਏ । ਉਨ੍ਹਾਂ ਕਿਹਾ ਕਿ ਲੋਕਾਂ ਨੂੰ ਸਿੱਖਿਅਤ ਕਰਨ ਲਈ, ਰਾਜ ਭਰ ਵਿੱਚ 33,079 ਜਨਤਕ ਜਾਗਰੂਕਤਾ ਮੀਟਿੰਗਾਂ ਕੀਤੀਆਂ ਗਈਆਂ, ਅਤੇ ਸਿਰਫ਼ ਚਾਰ ਮਹੀਨਿਆਂ ਵਿੱਚ 19,523 ਪਿੰਡ ਰੱਖਿਆ ਕਮੇਟੀਆਂ (VDCs) ਬਣਾਈਆਂ ਗਈਆਂ ਨੇ